# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਵਾਲਿਆਂ ਦੇ ਖਿਲਾਫ ਹੋਵੇਗੀ ਕਾਰਵਾਈ...ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ

ਹੁਸ਼ਿਆਰਪੁਰ 14 ਜੂਨ ਪੰਜਾਬ ਸਰਕਾਰ ਵੱਲੋਂ ਪੰਜਾਬ ਪਲਾਸਟਿਕ ਕੈਰੀ ਬੈਗਜ਼ (ਮੈਨੁਫੈਕਚਰ, ਯੁਸੇਜ਼ ਐਂਡ ਡਿਸਪੋਜਲ) ਕੰਟਰੋਲ ਐਕਟ 2005 ( ਪੰਜਾਬ ਐਕਟ ਨੰ: 17 ਆਫ 2007) ਅਧੀਨ ਲਿਫਾਫੇ ਵੇਚਣ ਤੇ ਲਗਾਈ ਗਈ ਪਾਬੰਦੀ ਦੇ ਹੁਕਮਾਂ ਨੂੰ ਸਖਤੀ ਨਾਲ ਲਾਗੂ ਕਰਵਾਉਣ ਲਈ ਚੀਫ ਸੈਨੇਟਰੀ ਇੰਸਪੈਕਟਰ ਨਵਦੀਪ ਸ਼ਰਮਾ ਦੀ ਅਗਵਾਈ ਵਿੱਚ ਇੱਕ ਟੀਮ ਦਾ ਗਠਨ ਕੀਤਾ ਗਿਆ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਦੀ ਹਦੂਦ ਵਿੱਚ ਦੁਕਾਨਦਾਰਾਂ ਵੱਲੋਂ ਪਾਬੰਧੀ ਸ਼ੁਦਾ ਲਿਫਾਫੇ ਇਸਤੇਮਾਲ ਕੀਤੇ ਜਾ ਰਹੇ ਹਨ। ਜਿਸ ਨਾਲ ਸ਼ਹਿਰ ਵਿੱਚ ਪ੍ਰਦੂਸ਼ਨ ਵੱਧ ਰਿਹਾ ਹੈ, ਜਿਸ ਨੂੰ ਰੋਕਣ ਲਈ ਗਠਿਤ ਕੀਤੀ ਗਈ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਬਜਾਰਾਂ ਵਿੱਚ ਦੁਕਾਨਦਾਰਾਂ ਦੀ ਚੈਕਿੰਗ ਕੀਤੀ ਜਾਵੇਗੀ ਅਤੇ ਪਾਬੰਧੀ ਸ਼ੁਦਾ ਪਲਾਸਟਿਕ ਦੇ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਦੁਕਾਨਦਾਰਾਂ ਦੇ ਚਲਾਨ ਕੱਟ ਕੇ ਜੁਰਮਾਨੇ ਕੀਤੇ ਜਾਣਗੇ ਅਤੇ ਪਲਾਸਟਿਕ ਦੇ ਲਿਫਾਫਿਆਂ ਨੂੰ ਜਬਤ ਕੀਤਾ ਜਾਵੇਗਾ।

ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ ਨੇ ਦੱਸਿਆ ਕਿ ਰਾਜ ਵਿਚ ਪਲਾਸਟਿਕ ਕੈਰੀ ਬੈਗ ਅਤੇ ਥਰਮੋਕੋਲ ਮਟੀਰੀਅਲ ਤੋਂ ਬਣੇ ਇਕ ਵਾਰ ਵਰਤੋਂ ਕੀਤੇ ਜਾਣ ਵਾਲੇ ਸਾਰੇ ਮਟੀਰੀਅਲ ਨੂੰ ਵੇਚਣ ਅਤੇ ਸਟਾਕ ਕਰਨ ਤੇ ਪਾਬੰਦੀ ਲਗਾਈ ਗਈ ਹੈ ਅਤੇ ਇਸ ਨੂੰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲੇ ਦੁਕਾਨਦਾਰ ਨੂੰ ਇਕ ਮਹੀਨੇ ਦੀ ਸਜ਼ਾ ਅਤੇ 2 ਹਜ਼ਾਰ ਰੁਪਏ ਜੁਰਮਾਨਾ ਅਤੇ ਦੂਜੀ ਵਾਰ ਇਸ ਦੀ ਉਲੰਘਣਾ ਕਰਨ ਵਾਲੇ ਨੂੰ 4 ਹਜ਼ਾਰ ਰੁਪਏ ਜੁਰਮਾਨਾ ਕੀਤਾ ਜਾਵੇਗਾ।ਉਹਨਾਂ ਸਾਰੇ ਦੁਕਾਨਦਾਰਾਂ ਨੂੰ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਵੇਚਣ।